# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :08-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਲਾਨ ਕੀਤਾ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਪੰਜਾਬ ਦਾ ਦੌਰਾ ਕਰਨਗੇ ਅਤੇ ਜਲੰਧਰ ਸਮੇਤ ਸੂਬੇ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ।

- ਐਨ.ਆਰ.ਆਈ. ਮਾਮਲਿਆਂ ਬਾਰੇ ਵਿਭਾਗ 'ਆਨਲਾਈਨ ਐਨ.ਆਰ.ਆਈ. ਮਿਲਣੀ' ਦਾ ਆਯੋਜਨ -ਮੰਤਰੀ ਵਲੋਂ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ।

- ਪਸ਼ੂ ਪਾਲਣ ਮੰਤਰੀ ਗੁਰਮੀਤ ਖੁੱਡੀਆਂ ਵੱਲੋਂ ਵਿਭਾਗ ਨੂੰ 30 ਜੁਲਾਈ ਤੱਕ ਪਸ਼ੂ-ਧਨ ਦਾ ਟੀਕਾਕਰਨ ਕਰਨ ਦੇ ਨਿਰਦੇਸ਼ ।

- ਅਮਰੀਕਾ ਦੇ ਸੰਘੀ ਜਾਂਚ ਬਿਊਰੋ ਵੱਲੋਂ ਪੰਜਾਬ ਪੁਲਿਸ ਦੇ ਇੱਕ ਅਧਿਕਾਰੀ ਖਿਲਾਫ ਜਬਰਨ ਵਸੂਲੀ ਦੇ ਬਿਆਨ ਦਾ ਨੋਟਿਸ ਲੈਂਦਿਆਂ, ਪੰਜਾਬ ਪੁਲਿਸ ਨੇ ਉਸਨੂੰ ਤੁਰੰਤ ਪ੍ਰਭਾਵ ਨਾਲ ਲਾਈਨ ਹਾਜ਼ਿਰ ਕੀਤਾ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਤਿੰਨ ਮੁਲਜ਼ਮਾਂ ਤੋਂ 12 ਆਧੁਨਿਕ ਪਿਸਤੌਲ ਅਤੇ 6 ਹੱਥਗੋਲੇ ਬਰਾਮਦ ਕੀਤੇ। ਅਤੇ

- ਮੌਸਮ ਵਿਭਾਗ ਵਲੋਂ ਅਗਲੇ ਦੋ ਦਿਨ ਲਈ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਭਾਰੀ ਮੀਂਹ ਪੈਣ ਬਾਰੇ ਯੈਲੋ ਤੇ ਓਰੇਂਜ ਅਲਰਟ ਜਾਰੀ।

## *ਹੁਣ ਖਬਰਾਂ ਵਿਸਥਾਰ ਨਾਲ*

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਲਾਨ ਕੀਤਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੇ ਅੱਧ ਵਿੱਚ ਪੰਜਾਬ ਦਾ ਦੌਰਾ ਕਰਨਗੇ ਅਤੇ ਸੂਬੇ ਵਿੱਚ ਹੋਰ ਮਹੱਤਵਪੂਰਨ ਪ੍ਰੋਜੈਕਟਾਂ ਦੇ ਨਾਲ-ਨਾਲ ਪੁਨਰ-ਵਿਕਸਤ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦਾ ਉਦਘਾਟਨ ਕਰਨਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ 70 ਤੋਂ 75

ਮੁਕੰਮਲ ਹੋਏ ਅੰਮ੍ਰਿਤ ਭਾਰਤ ਸਟੇਸ਼ਨਾਂ ਦਾ ਉਦਘਾਟਨ, ਜਲੰਧਰ ਛਾਉਣੀ ਸਟੇਸ਼ਨ ਤੋਂ ਵਰਚੁਅਲ ਮਾਧਿਅਮ ਰਾਹੀਂ ਕਰਨਗੇ।

BYTE

ਅੱਜ ਸਟੇਸ਼ਨ 'ਤੇ ਤਿਆਰੀਆਂ ਦਾ ਜਾਇਜ਼ਾ ਲੈਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ 110 ਸਾਲ ਪੁਰਾਣੇ ਸਟੇਸ਼ਨ ਨੂੰ 125 ਕਰੋੜ ਰੁਪਏ ਦੀ ਲਾਗਤ ਨਾਲ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਵਿਸ਼ਵ ਪੱਧਰੀ ਸਹੂਲਤ ਵਿੱਚ ਬਦਲ ਦਿੱਤਾ ਗਿਆ ਏ । ਆਕਾਸ਼ਵਾਣੀ ਪੱਤਰਕਾਰ ਨੇ ਦਸਿਆ ਕਿ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਹਰ ਰੋਜ਼ ਲਗਭਗ 7500 ਯਾਤਰੀਆਂ ਦੀ ਸੇਵਾ ਕਰ ਰਿਹਾ ਏ ਕਿਉਂਕਿ ਇਸ ਵਿੱਚੋਂ ਲਗਭਗ 66 ਜੋੜੇ ਰੇਲਗੱਡੀਆਂ ਲੰਘਦੀਆਂ ਨੇਂ ਜੋ ਲੋਕਾਂ ਨੂੰ ਦੇਸ਼ ਦੇ ਵੱਖ-ਵੱਖ ਹਿੱਸਿਆਂ ਨਾਲ ਜੋੜਦੀਆਂ ਨੇ ।

---------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਨੇ ਰਾਜਸਥਾਨ ਦੇ ਸ਼੍ਰੀ ਗੰਗਾਨਗਰ ਵਿੱਚ 13 ਸਾਲਾ ਨਾਬਾਲਗ ਲੜਕੀ ਨਾਲ ਹੋਏ ਸਮੂਹਿਕ ਜਬਰ ਜਨਾਹ ਅਤੇ ਮਨੁੱਖੀ ਤਸਕਰੀ ਦੇ ਮਾਮਲੇ ਦਾ ਨੋਟਿਸ ਲਿਆ ਏ । ਕਮਿਸ਼ਨ ਨੇ ਸ਼੍ਰੀ ਗੰਗਾਨਗਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਅਤੇ ਪੁਲਿਸ ਸੁਪਰਡੈਂਟ ਨੂੰ 15 ਦਿਨਾਂ ਦੇ ਅੰਦਰ ਇੱਕ ਵੇਰਵੇ ਸਮੇਤ ਕਾਰਵਾਈ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ । ਕਮਿਸ਼ਨ ਨੇ ਪੁਲਿਸ, ਮੈਡੀਕਲ ਅਫਸਰਾਂ ਅਤੇ

ਫੋਰੈਂਸਿਕ ਏਜੰਸੀਆਂ ਸਮੇਤ ਸਾਰੀਆਂ ਸਬੰਧਤ ਏਜੰਸੀਆਂ ਨੂੰ ਇੱਕ ਵਿਆਪਕ ਅਤੇ ਤੇਜ਼ ਜਾਂਚ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਤਾਲਮੇਲ ਵਿੱਚ ਮਿਲ ਕੇ ਕੰਮ ਕਰਨ ਲਈ ਕਿਹਾ ਏ । ਕਮਿਸ਼ਨ ਨੇ ਵਿਸ਼ੇਸ਼ ਜਾਂਚ ਟੀਮ ਵਲੋਂ ਕੀਤੀ ਗਈ ਜਾਂਚ ਦਾ ਵੀ ਨੋਟਿਸ ਲਿਆ, ਜਿਸ ਨੇ ਹੁਣ ਤੱਕ 18 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ । ਇਸਨੇ ਬਾਕੀ ਮੁਲਜ਼ਮਾਂ ਦੀ ਤੁਰੰਤ ਗ੍ਰਿਫਤਾਰੀ ਅਤੇ ਸਮੇਂ ਸਿਰ ਜਾਂਚ ਪੂਰੀ ਕਰਨ ਦੇ ਨਿਰਦੇਸ਼ ਵੀ ਦਿੱਤੇ ਨੇ । ਜ਼ਿਲ੍ਹਾ ਮੈਜਿਸਟ੍ਰੇਟ ਨੂੰ 15 ਦਿਨਾਂ ਦੇ ਅੰਦਰ ਜ਼ਿਲ੍ਹੇ ਵਿੱਚ ਚੱਲ ਰਹੇ ਸਾਰੇ ਗੈਰ-ਰਜਿਸਟਰਡ ਅਤੇ ਅਣ-ਅਧਿਕਾਰਤ ਹੋਟਲਾਂ ਅਤੇ ਅਦਾਰਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ  ਇਹ ਵੀ ਨਿਰਦੇਸ਼ ਦਿੱਤਾ ਗਿਆ ਏ I ਕਮਿਸ਼ਨ ਨੇ ਪੁਲਿਸ ਅਧਿਕਾਰੀਆਂ ਨੂੰ ਸਾਰੇ ਡਿਜੀਟਲ ਪਲੇਟਫਾਰਮਾਂ ਤੋਂ ਪੀੜਤ ਨਾਲ ਸਬੰਧਤ ਵੀਡੀਓ ਅਤੇ ਸਮੱਗਰੀ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਹਨ।

---------------------------------------------------------

ਭਾਰਤੀ ਚੋਣ ਕਮਿਸ਼ਨ ਦੇ ਡਿਪਟੀ ਚੋਣ ਕਮਿਸ਼ਨਰ ਭਾਨੂ ਪ੍ਰਕਾਸ਼ ਯੇਤੂਰੂ, ਅਤੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR 2026 ਤਹਿਤ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ ਅਤੇ ਵਾਪਸ ਪ੍ਰਾਪਤੀ ਪ੍ਰੀਕਿਰਿਆ ਦੀ

ਸਮੀਖਿਆ ਕਰਨ ਲਈ ਅੱਜ ਲੁਧਿਆਣਾ ਵਿੱਚ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਵਿਚ ਲੁਧਿਆਣਾ, ਐਸ.ਬੀ.ਐਸ.ਨਗਰ, ਫਰੀਦਕੋਟ, ਮੋਗਾ, ਫਿਰੋਜ਼ਪੁਰ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ ਅਤੇ ਮਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਹਿੱਸਾ ਲਿਆ। ਪੰਜਾਬ ਭਰ ਵਿਚ 25 ਜੂਨ ਨੂੰ ਸ਼ੁਰੂ ਹੋਈ SIR ਦੀ ਇਹ ਪ੍ਰਕਿਰਿਆ , 24 ਜੁਲਾਈ ਤੱਕ ਜਾਰੀ ਰਹੇਗੀ I

--------------------------------------------------------

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਸਰਕਾਰ ਦੀ ਮਹੀਨਾਵਾਰ "ਆਨਲਾਈਨ ਮਿਲਣੀ" ਦੌਰਾਨ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਮੁਸ਼ਕਿਲਾਂ ਸੁਣੀਆਂ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪਾਰਦਰਸ਼ੀ, ਨਿਰਪੱਖ ਅਤੇ ਸਮਾਂਬੱਧ ਨਿਪਟਾਰੇ ਲਈ ਪੂਰੀ ਤਰ੍ਹਾਂ ਵਚਨਬੱਧ ਏ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੇ ਇਸ ਆਨਲਾਈਨ ਮਿਲਣੀ ਵਿੱਚ ਹਿੱਸਾ ਲਿਆ ਅਤੇ ਆਪਣੀਆਂ ਸ਼ਿਕਾਇਤਾਂ ਸਾਂਝੀਆਂ ਕੀਤੀਆਂ। ਮਿਲਣੀ ਦੌਰਾਨ ਜਾਇਦਾਦ  ਅਤੇ ਜ਼ਮੀਨੀ ਵਿਵਾਦ, ਵਿਆਹ ਦੇ ਮਸਲਿਆਂ, ਧੋਖਾਧੜੀ

ਅਤੇ ਹੋਰ ਨਿੱਜੀ ਮਾਮਲਿਆਂ ਨਾਲ ਸਬੰਧਤ ਸ਼ਿਕਾਇਤਾਂ ਸੁਣੀਆਂ ਗਈਆਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਸੇਵਾਮੁਕਤ ਮੁਲਾਜ਼ਮ ਰਹੇ ਐਨ.ਆਰ.ਆਈ. ਪੰਜਾਬੀਆਂ ਨੇ ਆਪਣੀ ਪੈਨਸ਼ਨ ਨਾਲ ਸਬੰਧਤ ਮੁਸ਼ਕਿਲਾਂ ਵੀ ਉਠਾਈਆਂ। ਡਾ. ਰਵਜੋਤ ਸਿੰਘ ਨੇ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਹਰੇਕ ਸ਼ਿਕਾਇਤ ਦੀ ਪਹਿਲ ਦੇ ਆਧਾਰ 'ਤੇ ਗੰਭੀਰਤਾ ਨਾਲ ਜਾਂਚ ਕਰਨ ਅਤੇ ਨਿਯਮਾਂ ਅਨੁਸਾਰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਲੋੜ ਪੈਣ 'ਤੇ ਸ਼ਿਕਾਇਤਕਰਤਾਵਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਸਮੇਂ ਸਿਰ ਹੱਲ ਨੂੰ ਯਕੀਨੀ ਬਣਾਇਆ ਜਾਵੇ।

---------------------------------------------------------------

ਪੰਜਾਬ ਸਰਕਾਰ ਨੇ ਮਾਨਸੂਨ ਸੀਜ਼ਨ ਦੌਰਾਨ ਪਸ਼ੂ-ਧਨ ਦੀ ਸੁਰੱਖਿਆ ਲਈ ਸੂਬੇ ਭਰ ਵਿੱਚ 57 ਲੱਖ 70 ਹਜ਼ਾਰ ਤੋਂ ਵੱਧ ਗਊਆਂ ਅਤੇ ਮੱਝਾਂ ਦੇ ਗਲ਼ਘੋਟੂ ਬਿਮਾਰੀ ਤੋਂ ਬਚਾਅ ਲਈ ਸੂਬਾ ਪੱਧਰੀ ਟੀਕਾਕਰਨ ਮੁਹਿੰਮ ਚਲਾਈ ਏ। ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਵਿਭਾਗ ਨੇ 30 ਜੁਲਾਈ ਤੱਕ 57 ਲਖ 70 ਹਜ਼ਾਰ 979 ਪਸ਼ੂ-ਧਨ ਦਾ ਟੀਕਾਕਰਨ ਕਰਨ ਦਾ ਟੀਚਾ ਏ। ਉਨ੍ਹਾਂ ਕਿਹਾ, ਕਿ ਸਮੇਂ ਸਿਰ ਟੀਕਾਕਰਨ ਬਰਸਾਤੀ ਮੌਸਮ

ਦੌਰਾਨ ਤੇਜ਼ੀ ਨਾਲ ਫੈਲਣ ਵਾਲੀ ਇਸ ਘਾਤਕ ਲਾਗ ਨਾਲ ਨਜਿੱਠਣ ਲਈ ਸਭ ਤੋਂ ਪ੍ਰਭਾਵੀ ਹੱਲ ਏ। ਉਨ੍ਹਾਂ ਪਸ਼ੂ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਆਪਣੇ ਨੇੜਲੀਆਂ ਸਰਕਾਰੀ ਵੈਟਰਨਰੀ ਸੰਸਥਾਵਾਂ ਨਾਲ ਸੰਪਰਕ ਕਰਨ ਅਤੇ ਬਿਨਾਂ ਕਿਸੇ ਦੇਰੀ ਦੇ ਆਪਣੇ ਪਸ਼ੂਆਂ ਦਾ ਟੀਕਾਕਰਨ ਕਰਵਾਉਣ। ਵਿਭਾਗ ਨੇ ਕੋਲਡ-ਚੇਨ ਲਾਜਿਸਟਿਕਸ ਨੂੰ ਮਜ਼ਬੂਤ ਕੀਤਾ ਹੈ ਅਤੇ ਵਿਸ਼ੇਸ਼ ਰੈਪਿਡ-ਰਿਸਪਾਂਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ਤਾਂ ਜੋ ਆਮ ਖੇਤਰਾਂ ਦੇ ਨਾਲ-ਨਾਲ ਉੱਚ-ਜ਼ੋਖ਼ਮ ਵਾਲੇ ਅਤੇ ਹੜ੍ਹ-ਸੰਭਾਵੀ ਖੇਤਰਾਂ ਵਿੱਚ ਵੱਧ ਤੋਂ ਵੱਧ ਕਵਰੇਜ ਯਕੀਨੀ ਬਣਾਈ ਜਾ ਸਕੇ। ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਟੀਕਾਕਰਨ ਮੁਹਿੰਮ ਵਿੱਚ ਹੋਰ ਤੇਜ਼ੀ ਲਿਆਉਣ ਅਤੇ 30 ਜੁਲਾਈ ਤੋਂ ਪਹਿਲਾਂ ਬਾਕੀ ਰਹਿੰਦੇ ਪਸ਼ੂ-ਧਨ ਨੂੰ ਵੈਕਸੀਨ ਲਗਾਉਣ ਦੇ ਟੀਚੇ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------------

ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਨੇ ਸਫਾਈ ਕਰਮਚਾਰੀਆਂ ਨੂੰ ਸੁਰੱਖਿਆ ਉਪਕਰਨਾਂ ਤੋਂ ਬਿਨਾਂ ਸੀਵਰੇਜ ਵਿੱਚ ਸਫਾਈ ਲਈ ਭੇਜਣ ਦੇ ਮਾਮਲੇ ਵਿੱਚ ਮੁਹਾਲੀ ਦੇ ਡਿਪਟੀ ਕਮਿਸ਼ਨਰ ਅਤੇ ਨਗਰ ਕੌਂਸਲ, ਨਯਾਗਾਓਂ ਦੇ ਕਾਰਜਕਾਰੀ

ਅਧਿਕਾਰੀ ਤੋਂ ਰਿਪੋਰਟ ਮੰਗੀ ਏ। ਸਫਾਈ ਕਰਮਚਾਰੀਆਂ ਦੀ ਸੁਰੱਖਿਆ ਬਾਰੇ ਚਿੰਤਾਵਾਂ ਜ਼ਾਹਰ ਕਰਨ ਵਾਲੀਆਂ ਮੀਡੀਆ ਰਿਪੋਰਟਾਂ ਦਾ ਆਪਣੇ ਪੱਧਰ 'ਤੇ  ਨੋਟਿਸ ਲੈਂਦੇ ਹੋਏ, ਕਮਿਸ਼ਨ ਨੇ ਪੁੱਛਿਆ ਏ ਕਿ ਇਸ ਆਧੁਨਿਕ ਯੁੱਗ ਵਿੱਚ, ਸਫਾਈ ਕਰਮਚਾਰੀਆਂ ਨੂੰ ਮਸ਼ੀਨਾਂ ਤੋਂ ਬਿਨਾਂ ਸੀਵਰੇਜ ਦੀ ਸਰੀਰਕ ਤੌਰ 'ਤੇ ਸਫਾਈ ਕਰਨ ਲਈ ਮਜਬੂਰ ਕਿਉਂ ਕੀਤਾ ਜਾ ਰਿਹਾ ਏ। ਕਮਿਸ਼ਨ ਨੇ ਕਿਹਾ ਕਿ ਇਹ ਉੱਚ ਅਧਿਕਾਰੀਆਂ ਦੀ ਲਾਪਰਵਾਹੀ ਅਤੇ ਕਰਮਚਾਰੀਆਂ ਦੀ ਜ਼ਿੰਦਗੀ ਦੀ ਸੁਰੱਖਿਆ ਪ੍ਰਤੀ ਘੋਰ ਅਣਗਹਿਲੀ ਦਰਸਾਉਂਦਾ ਏ। ਕਮਿਸ਼ਨ ਦੇ ਚੇਅਰਪਰਸਨ, ਜਸਟਿਸ ਸੰਤ ਪ੍ਰਕਾਸ਼ ਨੇ ਇਹ ਜ਼ਿਕਰ ਕੀਤਾ ਕਿ ਪਹਿਲਾਂ ਵੀ ਕਈ ਘਟਨਾਵਾਂ ਵਾਪਰ ਚੁੱਕੀਆਂ ਨੇ ਜਦੋਂ ਸੀਵਰੇਜ ਦੀ ਸਫਾਈ ਦੌਰਾਨ ਸਫਾਈ ਕਾਮਿਆਂ ਦੀ ਜਾਨ ਗਈ ਏ , ਕਮਿਸ਼ਨ ਨੇ ਸਬੰਧਤ ਅਧਿਕਾਰੀਆਂ ਨੂੰ ਅਗਲੀ ਸੁਣਵਾਈ ਦੀ ਤਰੀਕ ਜੋ  8 ਅਗਸਤ ਏ, ਤੋਂ ਇੱਕ ਹਫ਼ਤਾ ਪਹਿਲਾਂ ਆਪਣੀ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਨੇ ਪਾਲਣਾ ਲਈ ਪੰਜਾਬ  ਤੇ ਚੰਡੀਗੜ੍ਹ ਦੇ ਸਥਾਨਕ ਸਰਕਾਰਾਂ ਵਿਭਾਗ ਦੇ ਸਕੱਤਰ ਨੂੰ ਵੀ ਲਿਖਿਆ ਏ।

----------------------------------------------------------

ਅਮਰੀਕਾ ਦੇ ਸੰਘੀ ਜਾਂਚ ਬਿਊਰੋ -FBI ਵੱਲੋਂ ਪੰਜਾਬ ਪੁਲਿਸ ਦੇ ਇੱਕ ਅਧਿਕਾਰੀ ਖਿਲਾਫ ਜਬਰਨ ਵਸੂਲੀ ਦੀਆਂ ਕੁਝ ਮੀਡੀਆ ਰਿਪੋਰਟਾਂ ਦਾ

ਨੋਟਿਸ ਲੈਂਦੇ ਹੋਏ, ਪੰਜਾਬ ਪੁਲਿਸ ਨੇ ਉਸਨੂੰ ਤੁਰੰਤ ਪ੍ਰਭਾਵ ਨਾਲ ਲਾਈਨ ਹਾਜ਼ਿਰ ਕਰ ਦਿੱਤਾ ਏ। FBI ਨੇ "ਆਪ੍ਰੇਸ਼ਨ ਹਾਰਡ ਬਾਲ" ਤਹਿਤ, ਕਥਿਤ ਤੌਰ 'ਤੇ ਉਸ 'ਤੇ 4 ਲੱਖ ਅਮਰੀਕੀ ਡਾਲਰ ਦੀ ਜਬਰਨ ਵਸੂਲੀ ਦਾ ਇਲਜ਼ਾਮ ਲਗਾਇਆ ਏ। ਇਹ ਮਾਮਲਾ ਹੁਸ਼ਿਆਰਪੁਰ ਦੇ ਟਾਂਡਾ ਪੁਲਿਸ ਸਟੇਸ਼ਨ ਦੇ ਐਸ.ਐਚ.ਓ ਗੁਰਿੰਦਰਜੀਤ ਸਿੰਘ ਨਾਗਰਾ ਨਾਲ ਸਬੰਧਤ ਏ ਜੋ ਕਥਿਤ ਤੌਰ 'ਤੇ ਭਾਰਤ ਵਿੱਚ ਇੱਕ ਡੂਠੇ ਕਤਲ ਮਾਮਲੇ ਵਿੱਚ ਇੱਕ ਅਮਰੀਕਾ-ਅਧਾਰਤ ਪਰਿਵਾਰ ਨੂੰ ਫਸਾਉਣ ਦੀ ਕੋਸ਼ਿਸ਼ ਕਰ ਰਿਹਾ ਸੀ। ਐਫ.ਬੀ.ਆਈ ਵਲੋਂ ਇਸ ਮਾਮਲੇ ਦੀ ਇਕ ਵੀਡੀਓ ਬਿਆਨ ਵਿਚ ਪੁਸ਼ਟੀ ਕੀਤੀ ਗਈ ਏ। ਪੰਜਾਬ ਪੁਲਿਸ ਦੇ ਅਧਿਕਾਰਤ ਸੂਤਰਾਂ ਅਨੁਸਾਰ, ਪੁਲਿਸ ਵਿਭਾਗ ਨੇ ਰਿਪੋਰਟਾਂ ਦਾ ਨੋਟਿਸ ਲਿਆ ਏ ਅਤੇ ਇਲਜ਼ਾਮ ਦੀ ਪੁਸ਼ਟੀ ਕਰਨ ਲਈ ਇੱਕ ਰਸਮੀ ਤੱਥ-ਖੋਜ ਜਾਂਚ ਦੇ ਹੁਕਮ ਦਿੱਤੇ ਹਨ। ਨਿਰਪੱਖ ਜਾਂਚ ਨੂੰ ਯਕੀਨੀ ਬਣਾਉਣ ਲਈ, ਜਾਂਚ ਹੁਸ਼ਿਆਰਪੁਰ ਤੋਂ ਬਾਹਰ ਪੁਲਿਸ ਸੁਪਰਡੈਂਟ ਰੈਂਕ ਦੇ ਇੱਕ ਸੀਨੀਅਰ ਪੱਧਰ ਦੇ ਅਧਿਕਾਰੀ ਨੂੰ ਸੌਂਪੀ ਗਈ ਏ। ਉਸਨੂੰ ਜਲਦੀ ਤੋਂ ਜਲਦੀ ਇੱਕ ਵੇਰਵੇ ਸਮੇਤ ਰਿਪੋਰਟ ਸੌਂਪਣ ਦੇ ਨਿਰਦੇਸ਼ ਦਿੱਤੇ ਗਏ ਹਨ। ਕੁਝ ਰਾਜਨੀਤਿਕ ਪਾਰਟੀਆਂ ਨੇ ਸੂਬਾ ਪੁਲਿਸ ਦੇ ਕੰਮਕਾਜ 'ਤੇ ਵੀ ਚਿੰਤਾਵਾਂ ਜ਼ਾਹਰ ਕੀਤੀਆਂ ਨੇ।

---

ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਤਿੰਨ ਮੁਲਜ਼ਮਾਂ ਤੋਂ 12 ਆਧੁਨਿਕ ਪਿਸਤੌਲ ਅਤੇ 6 ਹੱਥਗੋਲੇ ਬਰਾਮਦ ਕੀਤੇ ਨੇ । ਉਹ ਪਾਕਿਸਤਾਨ ਦੀ ਆਈ.ਐਸ.ਆਈ ਅਤੇ ਵਿਦੇਸ਼ ਅਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ  ਦੇ ਕਾਰਕੁਨਾਂ ਵਲੋਂ ਸਮਰਥਤ ਇੱਕ ਗੈਰ-ਕਾਨੂੰਨੀ ਹਥਿਆਰਾਂ ਅਤੇ ਵਿਸਫੋਟਕ ਤਸਕਰੀ ਮਾਡਿਊਲ ਦਾ ਹਿੱਸਾ ਸਨ। ਪੁਲਿਸ ਸੂਤਰਾਂ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਸਰਹੱਦੀ ਸੂਬੇ ਪੰਜਾਬ ਵਿੱਚ ਜਨਤਕ ਸ਼ਾਂਤੀ ਭੰਗ ਕਰਨ ਦੇ ਉਦੇਸ਼ ਨਾਲ ਗਤੀਵਿਧੀਆਂ ਕਰਨ ਲਈ ਇਹ ਖੇਪ ਮਿਲੀ ਸੀ। ਮਾਮਲਾ ਦਰਜ ਕਰਕੇ ਅਗਲੀ ਜਾਂਚ ਜਾਰੀ ਏ । ਅੰਮ੍ਰਿਤਸਰ ਵਿੱਚ ਇਸ ਹਫ਼ਤੇ ਦੌਰਾਨ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਇਹ ਤੀਜੀ ਬਰਾਮਦਗੀ ਹੋਈ ਏ । ਇਸ ਤੋਂ ਪਹਿਲਾਂ, ਪੁਲਿਸ ਨੇ 2 ਮੁਲਜ਼ਮਾਂ ਤੋਂ ਗੋਲਾ ਬਾਰੂਦ ਸਮੇਤ 7 ਪਿਸਤੌਲ ਜ਼ਬਤ ਕੀਤੇ ਸਨ।

---

ਮੌਸਮ ਵਿਭਾਗ ਨੇ ਪੰਜਾਬ ਦੇ ਕੁਝ ਜ਼ਿਲ੍ਹਿਆਂ ਅਤੇ ਚੰਡੀਗੜ੍ਹ ਵਿੱਚ 9 ਜੁਲਾਈ ਤੱਕ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਏ । ਇਸ ਤੋਂ ਇਲਾਵਾ 11 ਅਤੇ 12 ਜੁਲਾਈ ਨੂੰ ਵੀ ਇਨ੍ਹਾਂ ਖੇਤਰਾਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਗਈ ਏ । ਉੱਧਰ ਹਰਿਆਣਾ ਅਤੇ ਚੰਡੀਗੜ੍ਹ

ਲਈ ਭਾਰੀ ਬਾਰਿਸ਼ ਦਾ ਔਰੈਂਜ ਅਲਰਟ ਜਾਰੀ ਕੀਤਾ ਗਿਆ ਏ। ਇਸ ਦੌਰਾਨ ਫਰੀਦਕੋਟ ਸਮੇਤ ਕਈ ਥਾਵਾਂ 'ਤੇ ਦਰਮਿਆਨੀ ਬਾਰਿਸ਼ ਦਰਜ ਕੀਤੀ ਗਈ। ਅੱਜ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਅਨੁਸਾਰ ਫਰੀਦਕੋਟ 38.9 ਡਿਗਰੀ ਸੈਲਸੀਅਸ ਅਤੇ ਹਰਿਆਣਾ ਦਾ ਸਿਰਸਾ 36.2 ਡਿਗਰੀ ਸੈਲਸੀਅਸ ਨਾਲ ਆਪਣੇ-ਆਪਣੇ ਸੂਬਿਆਂ ਦੇ ਸਭ ਤੋਂ ਗਰਮ ਸ਼ਹਿਰ ਰਹੇ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 32 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

---

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਐਲਾਨ ਕੀਤਾ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਪੰਜਾਬ ਦਾ ਦੌਰਾ ਕਰਨਗੇ ਅਤੇ ਜਲੰਧਰ ਸਮੇਤ ਸੂਬੇ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ।

- ਐਨ.ਆਰ.ਆਈ. ਮਾਮਲਿਆਂ ਬਾਰੇ ਵਿਭਾਗ 'ਆਨਲਾਈਨ ਐਨ.ਆਰ.ਆਈ. ਮਿਲਣੀ' ਦਾ ਆਯੋਜਨ -ਮੰਤਰੀ ਵਲੋਂ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ।

- ਪਸ਼ੂ ਪਾਲਣ ਮੰਤਰੀ ਗੁਰਮੀਤ ਖੁੱਡੀਆਂ ਵੱਲੋਂ ਵਿਭਾਗ ਨੂੰ 30 ਜੁਲਾਈ ਤੱਕ ਪਸ਼ੂ-ਧਨ ਦਾ ਟੀਕਾਕਰਨ ਕਰਨ ਦੇ ਨਿਰਦੇਸ਼ ।

- ਅਮਰੀਕਾ ਦੇ ਸੰਘੀ ਜਾਂਚ ਬਿਊਰੋ ਵੱਲੋਂ ਪੰਜਾਬ ਪੁਲਿਸ ਦੇ ਇੱਕ ਅਧਿਕਾਰੀ ਖਿਲਾਫ ਜਬਰਨ ਵਸੂਲੀ ਦੇ ਬਿਆਨ ਦਾ ਨੋਟਿਸ ਲੈਂਦਿਆਂ, ਪੰਜਾਬ ਪੁਲਿਸ ਨੇ ਉਸਨੂੰ ਤੁਰੰਤ ਪ੍ਰਭਾਵ ਨਾਲ ਲਾਈਨ ਹਾਜ਼ਿਰ ਕੀਤਾ।

- ਪੰਜਾਬ ਪੁਲਿਸ ਨੇ ਅੱਜ ਅੰਮ੍ਰਿਤਸਰ ਵਿੱਚ ਤਿੰਨ ਮੁਲਜ਼ਮਾਂ ਤੋਂ 12 ਆਧੁਨਿਕ ਪਿਸਤੌਲ ਅਤੇ 6 ਹੱਥਗੋਲੇ ਬਰਾਮਦ ਕੀਤੇ। ਅਤੇ

- ਮੌਸਮ ਵਿਭਾਗ ਵਲੋਂ ਅਗਲੇ ਦੋ ਦਿਨ ਲਈ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਭਾਰੀ ਮੀਂਹ ਪੈਣ ਬਾਰੇ ਯੈਲੋ ਤੇ ਓਰੇਂਜ ਅਲਰਟ ਜਾਰੀ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ**

**ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**